# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 29-08-2024**

- ਸਰਕਾਰ ਨੇ, ਸੰਘ ਲੋਕ ਸੇਵਾ ਕਮਿਸ਼ਨ UPSC ਨੂੰ ਸਵੈ-ਇਛਿਤ ਆਧਾਰ ਤੇ ਉਮੀਦਵਾਰਾਂ ਦੀ ਪਛਾਣ ਦੀ ਤਸਦੀਕ ਕਰਨ ਲਈ, ਆਧਾਰ ਅਧਾਰਿਤ ਪ੍ਰਮਾਨੀਕਰਨ ਦੀ ਇਜਾਜ਼ਤ ਦਿੱਤੀ ਏ।
- ਜਲੰਧਰ ਸਮੇਤ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਰੁਕ-ਰੁਕ ਕੇ ਮੀਂਹ ਪੈਣ ਦਾ ਸਿਲਸਿਲਾ ਲਗਾਤਾਰ ਜਾਰੀ-5 ਜ਼ਿਲ੍ਹਿਆਂ ਲਈ ਮੀਂਹ ਦਾ ਯੈਲੋ ਅਲਰਟ ।
- ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ - ਖੇਡ ਮੰਤਰੀ ਡਾ: ਮਨਸੁਖ ਮੰਡਵੀਆ ਨੇ ਸਾਰੇ ਨਾਗਰਿਕਾਂ ਨੂੰ ਘੱਟੋ-ਘੱਟ ਇੱਕ ਘੰਟਾ, ਖੇਡਾਂ ਨੂੰ ਸਮਰਪਿਤ ਕਰਨ ਦਾ ਸੱਦਾ ਦਿੱਤਾ ।

---------------------------------------------------------------

ਸਰਕਾਰ ਨੇ, ਸੰਘ ਲੋਕ ਸੇਵਾ ਕਮਿਸ਼ਨ UPSC ਨੂੰ ਸਵੈ-ਇਛਿਤ

ਆਧਾਰ ਤੇ ਉਮੀਦਵਾਰਾਂ ਦੀ ਪਛਾਣ ਦੀ ਤਸਦੀਕ ਕਰਨ ਲਈ ਆਧਾਰ ਅਧਾਰਿਤ ਪ੍ਰਮਾਨੀਕਰਨ ਦੀ ਇਜਾਜ਼ਤ ਦਿੱਤੀ ਏ । ਇਹ ਤਸਦੀਕ, ਰਜਿਸਟ੍ਰੇਸ਼ਨ ਸਮੇਂ ਅਤੇ ਪ੍ਰੀਖਿਆਵਾਂ ਅਤੇ ਭਰਤੀ ਦੇ ਵੱਖ-ਵੱਖ ਪੜਾਵਾਂ ਦੌਰਾਨ ਕੀਤੀ ਜਾ ਸਕਦੀ ਏ । ਇਹ ਫੈਸਲਾ, ਪੂਜਾ ਖੇਡਕਰ ਦੀ ਅੰਤਰਿਮ ਉਮੀਦਵਾਰੀ ਰੱਦ ਕਰਨ ਤੋਂ ਬਾਅਦ ਅਤੇ ਉਸ ਨੂੰ ਜਾਅਲੀ ਪਛਾਣ ਦਿਖਾ ਕੇ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਨਿਰਧਾਰਤ ਗਿਣਤੀ ਤੋਂ ਵੱਧ ਕੋਸ਼ਿਸ਼ਾਂ ਤੋਂ ਵੱਧ ਵਾਰ ਪ੍ਰੀਖਿਆਵਾਂ ਚ ਬੈਠਣ ਲਈ, ਭਵਿੱਖ ਦੀਆਂ ਸਾਰੀਆਂ ਪ੍ਰੀਖਿਆਵਾਂ ਤੋਂ ਬਾਹਰ ਦੇ ਮੱਦੇਨਜ਼ਰ ਲਿਆ ਗਿਆ ਏ ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਪਿਛਲੇ 10 ਸਾਲਾਂ ਵਿੱਚ ਔਰਤਾਂ ਨੂੰ ਖੁਸ਼ਹਾਲ ਬਣਾਉਣ ਲਈ, ਉਨ੍ਹਾਂ ਦੀ ਭਲਾਈ ਲਈ ਬੇਮਿਸਾਲ ਕੰਮ ਕੀਤਾ ਗਿਆ ਏ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਸੋਸ਼ਲ ਮੀਡੀਆ ਪੋਸਟ 'ਤੇ ਪ੍ਰਤੀਕਰਮ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ ਦੇ ਵਿਦਿਅਕ, ਸਮਾਜਿਕ, ਆਰਥਿਕ ਅਤੇ

ਰਾਜਨੀਤਿਕ ਸ਼ਕਤੀਕਰਨ ਨੂੰ ਯਕੀਨੀ ਬਣਾਇਆ ਗਿਆ ਏ ਤਾਂ ਜੋ ਦੇਸ਼ ਦੀਆਂ ਔਰਤਾਂ ਅੱਗੇ ਵਧ ਸਕਣ ।

---------------------------------------------------

BJP ਦੀ ਸੀਨੀਅਰ ਆਗੂ ਅਤੇ ਪਟਿਆਲਾ ਤੋਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ, ਰਾਸ਼ਟਰੀ ਉਦਯੋਗਿਕ ਲਾਂਘੇ ਅਧੀਨ ਰਾਜਪੁਰਾ ਨੂੰ, ਵਿਸ਼ਵ ਪੱਧਰੀ 12 ਗ੍ਰੀਨ-ਫੀਲਡ ਇੰਡਸਟਰੀਅਲ ਸਮਾਰਟ ਸਿਟੀ ਪ੍ਰੋਜੈਕਟ ਵਜੋਂ ਚੁਣਨ ਲਈ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ਏ । ਪ੍ਰਨੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਰ ਕਿ ਪਟਿਆਲਾ ਦੇ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਵਿੱਚੋਂ ਇੱਕ ਨੂੰ ਪੂਰਾ ਕੀਤਾ ਗਿਆ ਏ ਅਤੇ ਉਨ੍ਹਾਂ ਨੂੰ ਖੁਸ਼ੀ ਏ ਕਿ ਕੇਂਦਰ ਸਰਕਾਰ ਨੇ ਇਸ ਨੂੰ ਸਵੀਕਾਰ ਕਰ ਲਿਆ ਏ । ਰਾਜਪੁਰਾ ਨੂੰ ਉਦਯੋਗਿਕ ਸਮਾਰਟ ਸਿਟੀ ਵਜੋਂ ਵਿਕਸਤ ਕਰਨ ਲਈ 1,367 ਕਰੋੜ ਰੁਪਏ ਦੀ ਮਨਜ਼ੂਰੀ ਆਰਥਿਕ ਗਤੀਵਿਧੀਆਂ ਦਾ ਇੱਕ ਸੰਪੰਨ ਧੁਰਾ ਬਣੇਗੀ ਅਤੇ ਇਸ ਖੇਤਰ ਵਿੱਚ 64 ਹਜ਼ਾਰ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰੇਗੀ । ਉਨ੍ਹਾਂ

ਕਿਹਾ ਕਿ ਇਹ ਫੈਸਲਾ ਪੰਜਾਬ ਵਿੱਚ ਉਦਯੋਗਿਕ ਵਿਕਾਸ ਅਤੇ ਨੌਕਰੀਆਂ ਪੈਦਾ ਕਰਨ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਏ।

----------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੌਮੀ ਪੁਰਸਕਾਰ ਲਈ ਚੁਣੇ ਗਏ ਸੂਬੇ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ ਏ। ਆਪਣੇ ਸੁਨੇਹੇ ਵਿੱਚ ਉਨਾਂ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲ ਦੇ ਅਧਿਆਪਕਾਂ ਦੀ ਚੋਣ ਨਾਲ ਸੂਬੇ ਦਾ ਮਾਣ ਵਧਿਆ ਏ । ਇਥੇ ਜ਼ਿਕਰਯੋਗ ਏ ਕਿ ਕੇਂਦਰੀ ਸਿੱਖਿਆ ਮੰਤਰਾਲੇ ਨੇ ਸਾਲ 2024 ਵਿੱਚ ਅਧਿਆਪਕ ਦਿਵਸ ਮੌਕੇ ਦਿੱਤੇ ਜਾਣ ਵਾਲੇ ਕੌਮੀ ਅਧਿਆਪਕ ਪੁਰਸਕਾਰਾਂ ਦੀ ਸੂਚੀ ਜਾਰੀ ਕੀਤੀ ਏ, ਜਿਸ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਬਰਨਾਲਾ ਦੇ ਪੰਕਜ ਕੁਮਾਰ ਗੋਇਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਇੰਦਰਾ ਸਿੰਘ ਗੋਨਿਆਣਾ ਮੰਡੀ, ਬਠਿੰਡਾ ਦੇ ਰਜਿੰਦਰ ਸਿੰਘ ਦੀ ਚੋਣ ਹੋਈ ਏ।

-----------------------------------------------------------------

ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ, ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਭੂੰਦੜ ਨੂੰ, ਪਾਰਟੀ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਏ । ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾਂ ਨੇ ਆਪਣੇ ਟਵੀਟ 'ਤੇ ਪੋਸਟ ਸਾਂਝੀ ਕਰਕੇ ਇਹ ਜਾਣਕਾਰੀ ਦਿਤੀ ਏ । ਸ੍ਰੀ ਭੂੰਦੜ ਮਾਨਸਾ ਜ਼ਿਲ੍ਹੇ ਸਰਦੂਲਗੜ੍ਹ ਵਿਧਾਨ ਸਭਾ ਹਲਕੇ ਤੋਂ ਪੰਜ ਵਾਰ ਵਿਧਾਇਕ ਰਹੇ ਅਤੇ 1977 ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਗੌਰਮਿੰਟ ਵੇਲੇ ਖੇਤੀਬਾੜੀ ਮੰਤਰੀ ਜਦੋਂ ਕਿ ਤਿੰਨ ਵਾਰ ਰਾਜ ਸਭਾ ਦੇ ਮੈਂਬਰ ਰਹਿ ਚੁੱਕੇ ਨੇ ।

-----------------------------------------------------------------

ਪਟਿਆਲਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਤੇ ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੁਪਿੰਦਰਜੀਤ ਚਾਹਲ ਨੇ ਕੇਂਦਰੀ ਜੇਲ੍ਹ, ਪਟਿਆਲਾ, ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਅਤੇ ਓਪਨ ਏਅਰ ਜੇਲ੍ਹ, ਨਾਭਾ ਦਾ ਨਿਰੀਖਣ ਕੀਤਾ। ਇਸ ਨਿਰੀਖਣ ਦੌਰਾਨ ਉਨ੍ਹਾਂ ਖੁਦ ਜੇਲ੍ਹਾਂ ਦੀਆਂ ਬੈਰਕਾਂ ਦਾ ਦੌਰਾ ਕੀਤਾ। ਕੈਦੀਆਂ ਦੀਆਂ ਚਿੰਤਾਵਾਂ ਨੂੰ ਦੂਰ

ਕਰਨ ਦੇ ਯਤਨ ਵਿੱਚ ਸਾਰਥਕ ਗੱਲਬਾਤ ਕੀਤੀ। ਜੇਲ੍ਹ ਸੁਪਰਡੈਂਟਾਂ ਦੇ ਨਾਲ-ਨਾਲ ਹੋਰ ਅਧਿਕਾਰੀਆਂ ਅਤੇ ਸਟਾਫ਼ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਅਤੇ ਕੈਦੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਤੇ  ਕੈਦੀਆਂ ਲਈ ਢੁਕਵੀਂ ਸਿਹਤ ਅਤੇ ਡਾਕਟਰੀ ਸਹੂਲਤਾਂ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

---------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ  ਜ਼ਿਲ੍ਹੇ ਦੀਆਂ ਸਾਰੀਆਂ ਨਗਰ ਕੌਂਸਲਾਂ ਵਿੱਚ ਨਹਿਰੀ ਪਾਣੀ ਅਧਾਰਿਤ ਜਲ ਸਪਲਾਈ ਪ੍ਰਾਜੈਕਟ ਤਹਿਤ ਵਾਟਰ ਟਰੀਟਮੈਂਟ ਪਲਾਂਟ  ਸਥਾਪਤ ਕਰਨ ਲਈ, ਜ਼ਮੀਨਾਂ ਨੂੰ ਅੰਤਿਮ ਰੂਪ ਦੇਣ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ। ਇਹ ਪ੍ਰੋਜੈਕਟ  ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਪਹਿਲਕਦਮੀ ਏ ਅਤੇ ਇਸ ਨੂੰ ਕਾਰਜਕਾਰੀ ਏਜੰਸੀ ਵਜੋਂ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਨਾਲ ਮਿਲ ਕੇ ਅਮਰੁਤ 2.0 ਸਕੀਮ ਅਧੀਨ ਚਲਾਇਆ ਜਾ ਰਿਹਾ ਏ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅਧਿਕਾਰੀਆਂ ਅਤੇ ਨਗਰ ਕੌਂਸਲਾਂ ਦੇ ਕਾਰਜਸਾਧਕ ਅਫ਼ਸਰਾਂ ਨਾਲ

ਵਿਚਾਰ-ਵਟਾਂਦਰਾ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਆਦਾਤਰ ਕੌਂਸਲਾਂ ਵਿੱਚ ਜ਼ਮੀਨ ਪਹਿਲਾਂ ਹੀ ਤੈਅ ਹੋ ਚੁੱਕੀ ਏ ਅਤੇ ਸਬੰਧਤ ਵਿਭਾਗ ਜਲਦ ਤੋਂ ਜਲਦ ਜ਼ਮੀਨ ਸੌਂਪਣ ਲਈ ਕੰਮ ਕਰ ਰਹੇ ਨੇ। ਉਨ੍ਹਾਂ ਅਗਲੇ ਮੰਗਲਵਾਰ ਤੱਕ ਜ਼ਮੀਨ ਨੂੰ ਅੰਤਿਮ ਰੂਪ ਦੇਣ ਲਈ ਸਾਹਨੇਵਾਲ ਅਤੇ ਪਾਇਲ ਨਗਰ ਕੌਂਸਲਾਂ ਵਿੱਚ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਦੇ ਨਾਲ ਡੀ.ਡੀ.ਪੀ.ਓ ਅਤੇ ਕਾਰਜਸਾਧਕ ਅਫ਼ਸਰਾਂ ਦੁਆਰਾ ਸਾਂਝੇ ਨਿਰੀਖਣ ਕਰਨ ਲਈ ਵੀ ਕਿਹਾ।

-----------------------------------------------------

ਫ਼ਤਹਿਗੜ੍ਹ ਸਾਹਿਬ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਪ੍ਰਧਾਨ ਮੰਤਰੀ ਵੱਲੋਂ ਸ਼ੁਰੂ ਕੀਤੇ ਗਏ " ਇੱਕ ਪੇੜ ਮਾਂ ਦੇ ਨਾਂ " ਮੁਹਿੰਮ ਅਧੀਨ ਇੱਕ ਪ੍ਰੋਗਰਾਮ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਕਿਸਾਨਾਂ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਬੂਟੇ ਲਗਾਏ ਗਏ। ਇਸ ਪ੍ਰੋਗਰਾਮ ਵਿੱਚ ਕਿਸਾਨਾਂ ਨੂੰ 100 ਬੂਟੇ ਵੀ ਵੰਡੇ ਗਏ। ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਡਾਇਰੈਕਟਰ ਡਾ: ਵਿਪਨ ਕੁਮਾਰ ਰਾਮਪਾਲ ਨੇ ਦੱਸਿਆ ਕਿ

ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਮੌਕੇ ਬੂਟੇ ਲਗਾਉਣ ਦੀ ਸ਼ੁਰੂ ਕੀਤੀ ਗਈ ਗਲੋਬਲ ਮੁਹਿੰਮ " ਇੱਕ ਪੇੜ ਮਾਂ ਦੇ ਨਾਂ "ਤਹਿਤ ਸਤੰਬਰ, 2024 ਤੱਕ ਦੇਸ਼ ਭਰ ਅੰਦਰ 80 ਕਰੋੜ ਬੂਟੇ ਲਗਾਏ ਜਾਣਗੇ ਅਤੇ ਮਾਰਚ 2025 ਤੱਕ 140 ਕਰੋੜ ਬੂਟੇ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ। ਡਾ: ਰਾਮਪਾਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਦਰਖ਼ਤ ਲਗਾ ਕੇ ਆਪਣੀ ਧਰਤੀ ਮਾਂ ਪ੍ਰਤੀ ਆਪਣੇ ਸਨਮਾਨ ਦਾ ਪ੍ਰਗਟਾਵਾ ਕਰਨਾ ਚਾਹੀਦਾ ਏ। ਓਧਰ ਮੋਗਾ ਵਿਖੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਜ਼ਿਲ੍ਹਾ ਪੱਧਰੀ 'ਏਕ ਪੇੜ-ਮਾਂ ਕੇ ਨਾਮ' ਮੁਹਿੰਮ ਦਾ ਆਗਾਜ਼ ਕਰਦਿਆਂ ਆਖਿਆ ਕਿ ਦਿਨੋਂ ਦਿਨ ਪਲੀਤ ਹੋ ਰਹੇ ਵਾਤਾਵਰਨ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਲਈ ਹਰੇਕ ਮਨੁੱਖ ਨੂੰ ਵੱਧ ਤੋਂ ਵੱਧ ਦਰੱਖਤ ਲਗਾ ਕੇ ਇਹਨਾਂ ਦੀ ਸਾਂਭ ਸੰਭਾਲ ਵੀ ਕਰਨੀ ਚਾਹੀਦੀ ਏ । ਮਨਜੀਤ ਬਿਲਾਸਪੁਰ ਨੇ ਆਖਿਆ ਕਿ ਇਹ ਮੁਹਿੰਮ ਭਾਰਤ ਸਰਕਾਰ ਵੱਲੋਂ 29 ਅਸਗਤ ਤੋਂ 30 ਸਤੰਬਰ ਤੱਕ ਚਲਾਈ ਜਾ ਰਹੀ ਏ । ਉਹਨਾਂ ਦੱਸਿਆ ਕਿ ਇਸ ਮੁਹਿੰਮ ਵਿੱਚ ਜਿਲ੍ਹਾ ਪ੍ਰਸ਼ਾਸ਼ਨ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਚਾਇਤੀ ਰਾਜ

ਵਿਭਾਗ, ਜੰਗਲਾਤ ਵਿਭਾਗ, ਬਾਗਬਾਨੀ ਵਿਭਾਗ ਅਤੇ ਪਿੰਡਾਂ ਦੀਆਂ ਗਰਾਮ ਪੰਚਾਇਤਾਂ ਨੂੰ ਸ਼ਾਮਿਲ ਕੀਤਾ ਜਾ ਰਿਹਾ ਏ। ਉਹਨਾਂ ਆਖਿਆ ਕਿ ਮੁਹਿੰਮ ਦੀ ਸ਼ੁਰੂਆਤ ਅੱਜ ਨਿਹਾਲ ਸਿੰਘ ਵਾਲਾ ਦੇ ਵੱਖ ਵੱਖ ਢੁਕਵੇਂ ਸਥਾਨਾਂ ਉਪਰ ਪੌਦੇ ਲਗਾ ਕੇ ਕੀਤੀ ਗਈ ਏ ਜਿੱਥੇ ਕਿ ਇਹਨਾਂ ਦੀ ਸਾਂਭ ਸੰਭਾਲ ਵੀ ਚੰਗੇ ਤਰੀਕੇ ਨਾਲ ਕੀਤੀ ਜਾ ਸਕੇ।

---------------------------------------------------------

ਪੰਜਾਬ ਸਰਕਾਰ ਵੱਲੋਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਭਲਾਈਆਣਾ ਵਿਖੇ ਤਿੰਨ ਰੋਜ਼ਾ ਤੀਆਂ ਦਾ ਮੇਲਾ ਕਰਵਾਇਆ ਜਾ ਰਿਹਾ। ਮੇਲੇ ਦੇ ਦੂਜੇ ਦਿਨ ਦੇ ਪਹਿਲੇ ਸੈਸ਼ਨ ਦੀ ਸ਼ੁਰੂਆਤ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਜੋਤੀ ਜਗਾ ਕੇ ਕੀਤੀ। ਉਹਨਾਂ ਨੇ ਆਖਿਆ ਕਿ ਪੰਜਾਬ ਸਰਕਾਰ ਦਾ ਇਹ ਇੱਕ ਸਾਰਥਕ ਉਪਰਾਲਾ ਏ ਜਿੱਥੇ ਸਾਡੀਆਂ ਧੀਆਂ ਨੂੰ ਆਪਣੀ ਪ੍ਰਤਿਭਾ ਦੀ ਪੇਸ਼ਕਾਰੀ ਲਈ ਇੱਕ ਮੰਚ ਮਿਲ ਰਿਹਾ ਏ। ਉਹਨਾਂ ਨੇ ਆਖਿਆ ਕਿ ਪਹਿਲੀ ਵਾਰ ਏ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਕਿਸੇ ਪਿੰਡ ਵਿੱਚ

ਸਰਕਾਰ ਨੇ ਇਸ ਤਰ੍ਹਾਂ ਦਾ ਆਯੋਜਨ ਕੀਤਾ ਹੋਵੇ। ਉਹਨਾਂ ਨੇ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਵੀ ਸ਼ਲਾਘਾ ਕੀਤੀ।

-------------------------------------------------

ਪੰਜਾਬ ਵਿੱਚ ਜਲੰਧਰ, ਮੋਹਾਲੀ, ਪਠਾਨਕੋਟ ਸਮੇਤ ਸੂਬੇ ਭਰ ਦੇ ਵੱਖ ਵੱਖ ਜ਼ਿਲਿਆਂ ਵਿੱਚ ਕੱਲ ਤੋਂ ਰੁਕ-ਰੁਕ ਕੇ ਮੀਂਹ ਪੈ ਰਿਹਾ ਏ। ਇਸ ਨਾਲ ਮੌਸਮ ਬੇਹੱਦ ਸੁਹਾਵਣਾ ਬਣਿਆ ਹੋਇਆ ਏ। ਆਮ ਲੋਕ ਤੇ ਖ਼ਾਸ ਕਰਕੇ ਕਿਸਾਨ ਵੀਰ ਇਸ ਹਫਤੇ ਪਏ ਮੀਹਂ ਕਾਰਨ ਕਾਫੀ ਖੁਸ਼ ਨੇ। ਹਾਲਾਂਕਿ ਕੰਮ ਕਾਰ ਲਈ ਆਉਣ-ਜਾਣ ਵਾਲਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਏ। ਜਲੰਧਰ ਸਮੇਤ ਕਈ ਥਾਈਂ ਰਾਤ ਤੋਂ ਬਿਜਲੀ ਦੇ ਕਟ ਲੱਗਣ ਕਾਰਨ ਵੀ ਲੋਕਾਂ ਨੂੰ ਪ੍ਰੇਸ਼ਾਨੀ ਹੋਈ ਏ। ਪਿਛਲੇ ਇੱਕ ਹਫ਼ਤੇ ਵਿੱਚ ਸੂਬੇ ਵਿਚ ਚੰਗੀ ਬਾਰਿਸ਼ ਹੋਈ ਏ। ਮੌਸਮ ਵਿਭਾਗ ਅਨੁਸਾਰ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ, ਜਦਕਿ ਰੂਪਨਗਰ ਦਾ ਤਾਪਮਾਨ 35.8 ਡਿਗਰੀ ਦਰਜ ਕੀਤਾ ਗਿਆ ਏ। 5 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਫਤਹਿਗੜ੍ਹ ਸਾਹਿਬ, ਰੂਪਨਗਰ ਅਤੇ ਐਸ.ਏ.ਐਸ. ਨਗਰ ਲਈ ਮੀਂਹ ਦਾ ਯੈਲੋ

ਅਲਰਟ ਜਾਰੀ ਕੀਤਾ ਗਿਆ ਏ। ਬੀਤੀ ਸ਼ਾਮ ਤੱਕ ਸ਼ਹੀਦ ਭਗਤ ਸਿੰਘ ਨਗਰ ਵਿੱਚ 12 ਮਿਲੀ-ਮੀਟਰ, ਰੋਪੜ ਵਿੱਚ 9, ਮੋਗਾ ਵਿੱਚ 3.5 ਅਤੇ ਅੰਮ੍ਰਿਤਸਰ ਵਿੱਚ 1.2 ਮਿਲੀ-ਮੀਟਰ ਮੀਂਹ ਦਰਜ ਕੀਤਾ ਗਿਆ।

---

ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 29 ਅਗਸਤ ਨੂੰ ਮਹਾਨ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਨ 'ਤੇ ਮਨਾਇਆ ਜਾਂਦਾ ਏ। ਮੇਜਰ ਧਿਆਨਚੰਦ ਉਸ ਟੀਮ ਦਾ ਹਿੱਸਾ ਰਹੇ ਜਿਸ ਨੇ ਲਗਾਤਾਰ ਤਿੰਨ ਓਲੰਪਿਕ ਖੇਡਾਂ ਵਿੱਚ ਸੋਨ ਤਮਗਾ ਜਿੱਤਿਆ ਸੀ। ਇਸ ਦੇ ਨਾਲ ਹੀ, ਪੈਰਿਸ ਵਿੱਚ ਕੱਲ੍ਹ ਪੈਰਾਲੰਪਿਕ ਖੇਡਾਂ ਸ਼ੁਰੂ ਹੋ ਗਯੋਇਆਂ ਨੇ । ਪੈਰਿਸ ਪੈਰਾਲੰਪਿਕ ਖੇਡਾਂ 8 ਸਤੰਬਰ ਤੱਕ ਜਾਰੀ ਰਹਿਣਗੀਆਂ। ਇਸ ਵਾਰ ਭਾਰਤੀ ਦਲ ਵਿੱਚ 84 ਐਥਲੀਟ ਨੇ ਅਤੇ ਇਹ ਭਾਰਤ ਦਾ ਹੁਣ ਤੱਕ ਦਾ, ਸਭ ਤੋਂ ਵੱਡਾ ਦਲ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਖੇਡ ਦਿਵਸ 'ਤੇ ਵਧਾਈ

ਦਿੱਤੀ ਏ । ਉਨ੍ਹਾਂ ਕਿਹਾ ਕਿ ਦੇਸ਼ ਅੱਜ ਹਾਕੀ ਖਿਡਾਰੀ ਮੇਜਰ ਧਿਆਨਚੰਦ ਨੂੰ ਸ਼ਰਧਾਂਜਲੀ ਦੇ ਰਿਹਾ ਏ। ਉਨ੍ਹਾਂ ਕਿਹਾ ਕਿ ਸਰਕਾਰ ਖੇਡਾਂ ਨੂੰ ਸਮਰਥਨ ਦੇਣ ਲਈ ਵਚਨਬੱਧ ਏ ਅਤੇ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਪੂਰਾ ਸਹਿਯੋਗ ਦੇ ਰਹੀ ਏ।

---------------------------------------------------

ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਨੌਜਵਾਨ ਮਾਮਲੇ ਅਤੇ ਖੇਡ ਮੰਤਰੀ ਡਾ: ਮਨਸੁਖ ਮੰਡਵੀਆ ਨੇ ਸਾਰੇ ਨਾਗਰਿਕਾਂ ਨੂੰ ਘੱਟੋ-ਘੱਟ ਇੱਕ ਘੰਟਾ ਖੇਡਾਂ ਨੂੰ ਸਮਰਪਿਤ ਕਰਨ ਦਾ ਸੱਦਾ ਦਿੱਤਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੁਪਨਾ, ਭਾਰਤ ਨੂੰ ਇੱਕ ਤੰਦਰੁਸਤ ਰਾਸ਼ਟਰ ਬਣਾਉਣਾ ਏ । ਡਾ: ਮਨਸੁਖ ਮੰਡਵੀਆਨੇ ਅੱਜ ਸਾਰੇ ਨਾਗਰਿਕਾਂ ਨੂੰ, ਦੇਸ਼ ਵਿਆਪੀ ਤਿਉਹਾਰ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

---------------------------------------------------

ਤਰਨ ਤਾਰਨ ਦੇ ਸਿਵਲ ਸਰਜਨ ਤਰਨਤਾਰਨ ਡਾ.ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਮਿਊਨਿਟੀ ਸਿਹਤ ਕੇਂਦਰ ਕਸੇਲ

ਵਿਖੇ ਅੱਖਾਂ ਦੇ ਦਾਨ ਸਬੰਧੀ ਚੱਲ ਰਹੇ ਅੱਖਾਂ ਦਾ ਦਾਨ ਬਾਰੇ ਕੌਮੀ ਪੰਦਰਵਾੜੇ ਤਹਿਤ  ਸਿਹਤ ਕੇਂਦਰ ਵਿਖੇ ਆਏ ਮਰੀਜ਼ਾਂ ਅਤੇ ਸਟਾਫ ਮੈਂਬਰਾਂ ਨੂੰ ਮੌਤ ਉਪਰੰਤ ਅੱਖਾਂ ਦੇ ਦਾਨ ਬਾਰੇ ਜਾਗਰੂਕ ਕੀਤਾ ਗਿਆ। ਡਾਕਟਰ ਅਮਨਦੀਪ ਸਿੰਘ ਨੇ ਕਿਹਾ ਕਿ ਅੱਖਾਂ ਦਾ ਦਾਨ ਮਹਾਂ ਦਾਨ ਹੁੰਦਾ ਏ  ਅਤੇ ਸਾਨੂੰ ਸਾਰਿਆਂ ਨੂੰ ਇਸ ਦੀ ਮਹੱਤਤਾ ਸਮਝਣੀ ਚਾਹੀਦੀ ਏ । ਉਨ੍ਹਾਂ ਕਿਹਾ ਕਿ ਅੱਖਾਂ ਦੇ ਦਾਨ ਸਬੰਧੀ ਪੰਦਰਵਾੜਾ 25 ਅਗਸਤ ਤੋਂ ਸ਼ੁਰੂ ਹੋ ਕੇ 8 ਸਤੰਬਰ ਤੱਕ ਮਨਾਇਆ ਜਾਂਦਾ ਏ ਅਤੇ ਜੇਕਰ ਕੋਈ ਵਿਅਕਤੀ ਮਰਨ ਉਪਰੰਤ ਆਪਣੀਆਂ ਅੱਖਾਂ ਦਾ ਦਾਨ ਕਰਨਾ ਚਾਹੁੰਦਾ ਏ ਤਾਂ ਆਪਣੇ ਨਜ਼ਦੀਕੀ ਸਰਕਾਰੀ ਹਸਪਤਾਲ ਨਾਲ ਸੰਪਰਕ ਕਾਰ ਸਕਦਾ ਏ । ਉਹਨਾਂ ਕਿਹਾ ਕਿ ਮੌਤ ਤੋਂ 6 ਤੋਂ 8 ਘੰਟਿਆਂ ਤੱਕ ਅੱਖਾਂ ਦਾ ਦਾਨ ਕੀਤਾ ਜਾ ਸਕਦਾ ਏ ।

---------------------------------------------------------

ਰਾਸ਼ਟਰੀ ਸੈਂਪਲ ਸਰਵੇਖਣ ਦਫ਼ਤਰ ਫੀਲਡ ਆਪ੍ਰੇਸ਼ਨਜ਼ ਡਿਵੀਜ਼ਨ ਜਲੰਧਰ ਨੇ ਰਾਸ਼ਟਰੀ ਖੇਡ ਦਿਵਸ ਮਨਾਇਆ । ਇਸ ਮੌਕੇ ਦਫ਼ਤਰ ਵੱਲੋਂ ਵੱਖ-ਵੱਖ ਖੇਡ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਅਤੇ ਸਟਾਫ਼

ਮੈਂਬਰਾਂ ਨੇ 'ਫਿਟ ਇੰਡੀਆ' ਦਾ ਅਹਿਦ ਵੀ ਲਿਆ । ਸੰਯੁਕਤ ਡਾਇਰੈਕਟਰ ਪੱਲਵੀ ਅਗਰਵਾਲ ਸ੍ਰੀਵਾਸਤਵ ਦੀ ਅਗਵਾਈ ਹੇਠ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਪੂਰੇ ਉਤਸ਼ਾਹ ਨਾਲ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਸ ਦੌਰਾਨ ਬੈਡਮਿੰਟਨ, 100 ਮੀਟਰ ਦੌੜ, 100 ਮੀਟਰ ਵਾੱਕ ਦੌੜ, ਸਮੇਤ ਹੋਰ ਵੀ ਕਈ ਮੁਕਾਬਲੇ ਕਰਵਾਏ ਗਏ। ਸਹਾਇਕ ਡਾਇਰੈਕਟਰ ਅਰੁਣ ਕੁਮਾਰ ਨੇ ਕਿਹਾ ਕਿ ਰਾਸ਼ਟਰੀ ਖੇਡ ਦਿਵਸ ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਨ, ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ । ਜੇਤੂ ਰਹੇ ਮੁਲਾਜ਼ਮਾਂ ਨੂੰ ਸਰਟੀਫਿਕੇਟ ਵੰਡੇ ਗਏ ।

---

## **<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਸਰਕਾਰ ਨੇ, ਸੰਘ ਲੋਕ ਸੇਵਾ ਕਮਿਸ਼ਨ UPSC ਨੂੰ ਸਵੈ-ਇਛਿਤ ਆਧਾਰ ਤੇ ਉਮੀਦਵਾਰਾਂ ਦੀ ਪਛਾਣ ਦੀ ਤਸਦੀਕ ਕਰਨ ਲਈ, ਆਧਾਰ ਅਧਾਰਿਤ ਪ੍ਰਮਾਨੀਕਰਨ  ਦੀ ਇਜਾਜ਼ਤ ਦਿੱਤੀ ਏ।
- ਜਲੰਧਰ ਸਮੇਤ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਰੁਕ-ਰੁਕ ਕੇ ਮੀਂਹ ਪੈਣ ਦਾ ਸਿਲਸਿਲਾ ਲਗਾਤਾਰ ਜਾਰੀ-5 ਜ਼ਿਲ੍ਹਿਆਂ ਲਈ ਮੀਂਹ ਦਾ ਯੈਲੋ ਅਲਰਟ।
- ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ - ਖੇਡ ਮੰਤਰੀ ਡਾ: ਮਨਸੁਖ ਮੰਡਵੀਆ ਨੇ ਸਾਰੇ ਨਾਗਰਿਕਾਂ ਨੂੰ ਘੱਟੋ-ਘੱਟ ਇੱਕ ਘੰਟਾ, ਖੇਡਾਂ ਨੂੰ ਸਮਰਪਿਤ ਕਰਨ ਦਾ ਸੱਦਾ ਦਿੱਤਾ।